ਵੱਲੋ

ਡਾਇਰੈਕਟਰ
ਤਕਨੀਕੀ ਸਿਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ,
ਪੰਜਾਬ, ਚੰਡੀਗੜ੍ਹ।

ਸੇਵਾ ਵਿਖੇ

ਰਜਿਸਟਰਾਰ, (ਸੈਕਸਨਿੰਗ ਅਥਾਰਟੀਜ਼)

1. ਪੰਜਾਬ ਤਕਨੀਕੀ ਯੂਨੀਵਰਸਿਟੀ, ਜਲੰਧਰ।
2. ਡਾ: ਬੀ.ਆਰ.ਅੰਬੇਦਕਰ, ਨੈਸ਼ਨਲ ਇਸ: ਆਫ ਟੈਕ: ਜਲੰਧਰ।
3. ਇੰਡੀਅਨ ਇੰਸ: ਆਫ ਟੈਕ: ਰੋਪੜ੍ਹ
4. ਸੰਤ ਲੋਗੋਂਵਾਲ ਇੰਸ: ਆਫ ਇੰਜੀ: ਅਤੇ ਟੈਕ: ਸੰਗਰੂਰ।
5. ਨੈਸ਼ਨਲ ਇੰਸ: ਆਫ ਫਾਰਮੈਸਿਊਟੀਕਲ ਐਜੂਕੇਸ਼ਨ ਐਂਡ ਰਿਸਰਚ, ਮੋਹਾਲੀ।
6. ਥਾਪਰ ਯੂਨੀਵਰਸਿਟੀ, ਪਟਿਆਲਾ।

7-21 ਪ੍ਰਿੰਸੀਪਲ,
ਸਰਕਾਰੀ ਬਹੁਤਕਨੀਕੀ ਕਾਲਜ, ਅੰਮ੍ਰਿਤਸਰ, ਬਠਿੰਡਾ,ਬਟਾਲਾ, ਬਹਿਰਾਮ, ਬਡਬਰ, ਬੇਗੋਵਾਲ, ਬਰੇਟਾ,ਭਿੱਖੀਵਿੰਡ, ਹੁਸ਼ਿਆਰਪੁਰ, ਜੀ.ਟੀ.ਬੀ.ਗੜ੍ਹ, ਫਤੂਹੀਖੇੜਾ, ਰਾਂਣਵਾ, ਖੂਨੀ ਮਾਜਰਾ, ਕੋਟਕਪੂਰਾ, ਫਿਰੋਜ਼ਪੁਰ।

22-27 ਸਰਕਾਰੀ ਬਹੁਤਕਨੀਕੀ ਕਾਲਜ, ਲੜਕੀਆ, ਅੰਮ੍ਰਿਤਸਰ, ਜਲੰਧਰ, ਦੀਨਾਨਗਰ, ਪਟਿਆਲਾ, ਲੁਧਿਆਣਾ ਅਤੇ ਰੋਪੜ੍ਹ।

28. ਪ੍ਰਿੰਸੀਪਲ, ਗੋਰਮਿੰਟ ਇੰਸ: ਆਫ ਟੈਕਸਟਾਈਲ ਕੈਮਿਸਟਰੀ ਅਤੇ ਨਿਟਿੰਗ ਟੈਕ: ਲੁਧਿਆਣਾ
29. ਕੋਆਰਡੀਨੇਟਰ ਸਕਾਲਰਸ਼ਿਪ (ਮੁੱਖ ਦਫਤਰ)

ਮੀਮੋ ਨੰ: 360 /ਵੈਬ ਪੋਰਟਲ ਮਿਤੀ: 12/6/14

ਵਿਸ਼ਾ: ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਐਨ.ਆਈ.ਸੀ. ਵੱਲੋਂ ਤਿਆਰ ਕੀਤੇ ਗਏ ਵੈਬ ਪੋਰਟਲ ਸਬੰਧੀ ਸਾਲ 2014-15 ਲਈ ਆਉਣ ਵਾਲੀਆਂ ਮੁਸ਼ਕਲਾਂ ਸਬੰਧੀ।

ਉਪਰੋਕਤ ਵਿਸ਼ੇ ਸਬੰਧੀ ਦੱਸਿਆ ਜਾਂਦਾ ਹੈ ਕਿ ਸਾਲ 2014-15 ਲਈ ਸਕਾਲਰਸ਼ਿਪ ਵੈਬ ਪੋਰਟਲ ਤੇ ਆਨ-ਲਾਈਨ ਅਪਲਾਈ ਕਰਾਉਣ ਸਬੰਧੀ ਆ ਰਹੀਆਂ ਮੁਸ਼ਕਲਾਂ/ਕਿਉਰੀਜ਼ ਮੁੱਖ ਦਫਤਰ ਨੂੰ ਸਿਧੇ ਤੋਰ ਤੇ ਭੇਜੀਆ ਜਾਂਦੀਆ ਹਨ ਜਦੋ ਕਿ ਇਹਨਾਂ ਮੁਸ਼ਕਲਾ ਦਾ ਨਿਪਟਾਰਾ ਆਪਦੇ ਪੱਧਰ ਤੇ ਹੀ ਹੋਣਾ ਚਾਹੀਦਾ ਹੈ। ਇਸ ਲਈ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਅਧੀਨ ਆਉਂਦੀਆਂ ਸੰਸਥਾਵਾਂ ਨੂੰ ਹਦਾਇਤ ਕੀਤੀ ਜਾਵੇ ਕਿ ਉਹਨਾਂ ਨੂੰ ਵਿਸ਼ੇ ਸਬੰਧੀ ਆ ਰਹੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਜਿਲ੍ਹਾ ਪੱਧਰ ਤੇ ~~ਖੋਲ੍ਹੇ ਗਏ~~ ਐਨ.ਆਈ.ਸੀ. ਦੇ ਸੈਂਟਰ ਨਾਲ ਤਾਲਮੇਲ ਕੀਤਾ ਜਾਵੇ। ਇਸ ਤੋ ਇਲਾਵਾ ਫਿਰ ਵੀ ਜੇਕਰ ਕੋਈ ਮੁਸ਼ਕਲ ਆਉਂਦੀ ਹੈ ਤਾਂ ਇਸ ਕੰਮ ਲਈ ਪੰਜ (5) ਮਾਸਟਰ ਟ੍ਰੇਨਰ ਤਾਇਨਾਤ ਕੀਤੇ ਹੋਏ ਹਨ,(ਕਾਪੀ ਨੱਥੀ ਹੈ) ਅਤੇ ਇਨ੍ਹਾਂ ਦੀ ਸੂਚਨਾਂ ਵਿਭਾਗ ਦੀ ਵੈਬ ਸਾਈਟ www.dtepunjab.gov.in ਤੇ ਵੀ ਉਪਲਬਧ ਹੈ, ਤੋਂ ਵੀ ਸੇਧ ਲਈ ਜਾ ਸਕਦੀ ਹੈ। ਜਿਨ੍ਹਾਂ ਨਾਲ ਤਾਲਮੇਲ ਕਰਕੇ ਆ ਰਹੀਆਂ ਮੁਸ਼ਕਲਾਂ ਦਾ ਨਿਪਟਾਰਾ ਕੀਤਾ ਜਾ ਸਕਦਾ ਹੈ।

ਵਧੀਕ ਡਾਇਰੈਕਟਰ
ਵਾਸਤੇ ਡਾਇਰੈਕਟਰ ਤਕਨੀਕੀ ਸਿਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ,ਪੰਜਾਬ, ਚੰਡੀਗੜ੍ਹ।

ਪਿੱਠ ਅਕੰਣ ਨੰ: ਵੈਬ ਪੋਰਟਲ/ਸਕਾਲਰਸ਼ਿਪ ਮਿਤੀ:

ਇਸ ਦਾ ਉਤਾਰਾ ਪ੍ਰੋਗਰਾਮਰ (ਮੁੱਖ ਦਫ਼ਤਰ) ਨੂੰ ਵਿਭਾਗ ਦੀ ਵੈਬਸਾਈਟ ਤੇ ਪਾਉਣ ਹਿੱਤ ਭੇਜਿਆ ਜਾਂਦਾ ਹੈ।

ਵਧੀਕ ਡਾਇਰੈਕਟਰ
ਵਾਸਤੇ ਡਾਇਰੈਕਟਰ ਤਕਨੀਕੀ ਸਿਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ,ਪੰਜਾਬ, ਚੰਡੀਗੜ੍ਹ।